## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-03-2024**

- ਲੋਕ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ 'ਚ ਆਮ ਆਦਮੀ ਪਾਰਟੀ ਨੂੰ ਲੱਗਿਆ ਵੱਡਾ ਝਟਕਾ, ਪਾਰਟੀ ਦੇ ਜਲੰਧਰ ਤੋਂ ਸਾਂਸਦ ਸੁਸ਼ੀਲ ਕੁਮਾਰ ਰਿੰਕੂ ਤੇ ਵਿਧਾਇਕ ਸ਼ੀਤਲ ਅੰਗੂਰਾਲ BJP ਵਿੱਚ ਸ਼ਾਮਲ।
- ਅਨਫੋਰਸਮੈਂਟ ਡੈਰਕਟੋਰੇਟ ਨੇ ਪੰਜਾਬ ਆਬਕਾਰੀ ਵਿਭਾਗ ਦੇ ਕਮਿਸ਼ਨਰ ਵਰੁਣ ਰੂਜਮ ਦੇ ਘਰ ਸਮੇਤ ਪੰਜਾਬ ਤੇ ਚੰਡੀਗੜ੍ਹ ਵਿੱਚ ਅੱਜ ਕਈ ਥਾਂਵਾਂ ਤੇ ਛਾਪੇਮਾਰੀ ਕੀਤੀ।
- ਪੱਤਰ ਸੂਚਨਾ ਦਫਤਰ ਵਲੋਂ ਪੱਤਰਕਾਰਾਂ ਦੀ ਸਹੂਲਤ ਲਈ ਚੋਣਾਂ ਸੰਬੰਧੀ ਇੱਕ ਮਾਈਕ੍ਰੋ-ਸਾਈਟ ਸ਼ੁਰੂ ।
- ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸਬੰਧਤ ਖਰੀਦ ਏਜੰਸੀਆਂ ਦੇ

ਅਧਿਕਾਰੀਆਂ ਤੇ ਸਾਰੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਵੀਡਿਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ।

---------------------------------------------------------------

ਲੋਕ ਸਭਾ ਚੋਣਾਂ ਤੋਂ ਪਹਿਲਾਂ, ਪੰਜਾਬ 'ਚ ਆਮ ਆਦਮੀ ਪਾਰਟੀ ਨੂੰ ਅੱਜ ਉਸ ਵੇਲੇ ਵੱਡਾ ਝਟਕਾ ਲੱਗਿਆ ਜਦੋਂ ਪਾਰਟੀ ਦੇ ਜਲੰਧਰ ਤੋਂ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ BJP ਵਿੱਚ ਸ਼ਾਮਲ ਹੋ ਗਏ। ਆਮ ਆਦਮੀ ਪਾਰਟੀ ਦੇ ਇਕਲੌਤੇ ਸਾਂਸਦ, ਸੁਸ਼ੀਲ ਕੁਮਾਰ ਰਿੰਕੂ ਦੇ ਨਾਲ ਹੀ ਜਲੰਧਰ ਪੱਛਮੀ ਤੋਂ ਵਿਧਾਇਕ ਸ਼ੀਤਲ ਅੰਗੁਰਾਲ ਨੇ ਵੀ BJP ਦਾ ਪੱਲਾ ਫੜ ਲਿਆ ਏ। BJP ਦੇ ਕੌਮੀ ਸਕੱਤਰ ਵਿਨੋਦ ਤਾਂਬੜੇ, ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਅਤੇ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਦੀ ਹਾਜ਼ਰੀ ਵਿੱਚ ਉਂਨ੍ਹਾਂ ਨੂੰ ਪਾਰਟੀ ਵਿਚ ਸ਼ਾਮਲ ਕੀਤਾ ਗਿਆ। ਦੱਸ ਦੇਈਏ ਕਿ ਸੁਸ਼ੀਲ ਕੁਮਾਰ ਰਿੰਕੂ ਨੂੰ, ਆਮ ਆਦਮੀ ਪਾਰਟੀ ਵੱਲੋਂ ਜਲੰਧਰ ਤੋਂ ਲੋਕ ਸਭਾ ਚੋਣਾਂ ਦੇ ਲਈ ਉਮੀਦਵਾਰ ਐਲਾਨਿਆ ਹੋਇਆ ਏ। ਆਮ ਆਦਮੀ ਪਾਰਟੀ ਦੇ ਇਕਲੌਤੇ ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਪਿਛਲੇ ਸਾਲ ਮਈ ਵਿੱਚ ਹੋਈ ਜਲੰਧਰ ਸੰਸਦੀ ਉਪ ਚੋਣ ਦੌਰਾਨ ਜਿੱਤੇ

ਸਨ । ਸੁਸ਼ੀਲ ਕੁਮਾਰ ਰਿੰਕੂ ਪਹਿਲਾਂ ਕਾਂਗਰਸ ਵਿੱਚ ਰਹਿ ਚੁੱਕੇ ਨੇ ਅਤੇ 2017 ਵਿੱਚ ਜਲੰਧਰ ਪੱਛਮੀ ਸੀਟ ਤੋਂ ਵਿਧਾਨ ਸਭਾ ਚੋਣ ਜਿੱਤੇ ਸਨ। ਇਸ ਦੇ ਨਾਲ ਹੀ  ਆਮ ਆਦਮੀ ਪਾਰਟੀ ' ਵਿਧਾਇਕ ਸ਼ੀਤਲ ਅੰਗੁਰਾਲ ਨੇ ਸਵੇਰੇ ਹੀ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਸੀ । ਜਲੰਧਰ ਪੱਛਮੀ ਤੋਂ ਵਿਧਾਇਕ ਦਾ ਲੋਕ ਸਭਾ ਚੋਣਾਂ ਦੌਰਾਨ BJP ’ਚ ਸ਼ਾਮਿਲ ਹੋਣਾ  ਆਮ ਆਦਮੀ ਪਾਰਟੀ ਲਈ ਕਿਸੇ ਵੱਡੇ ਝਟਕੇ ਤੋਂ ਘੱਟ ਨਹੀਂ ਏ। ਜ਼ਿਕਰਯੋਗ ਏ ਕਿ ਪਿਛਲੇ ਹਫਤੇ ਵੀ ਰਿੰਕੂ ਤੇ ਸ਼ੀਤਲ ਅੰਗੁਰਾਲ ਦੇ BJP ’ਚ ਸ਼ਾਮਲ ਹੋਣ ਦੀਆਂ ਕਿਆਸ-ਅਰਾਈਆਂ ਚੱਲ ਰਹੀਆਂ ਸਨ।

---------------------------------------------------------

ਇਸ ਦੌਰਾਨ ਭਾਰਤੀ ਜਨਤਾ ਪਾਰਟੀ ਜਲੰਧਰ ਸ਼ਹਿਰੀ ਦੇ ਪ੍ਰਧਾਨ ਸੁਸ਼ੀਲ ਕੁਮਾਰ ਰਿੰਕੂ ਤੇ ਜਨਰਲ ਸਕੱਤਰ, ਅਸ਼ੋਕ ਸਰੀਨ ਹਿਕੀ, ਰਾਜੇਸ਼ ਕਪੂਰ ਅਤੇ ਅਮਰਜੀਤ ਸਿੰਘ ਗੋਲਡੀ ਨੇ, ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸਾਂਸਦ ਸੁਸ਼ੀਲ ਰਿੰਕੂ ਅਤੇ ਵਿਧਾਇਕ ਸ਼ੀਤਲ ਅੰਗੂਰਾਲ ਦੇ ਘਰਾਂ ਦੇ ਬਾਹਰ, ਸਿਆਸੀ ਰੰਜਿਸ਼ ਕੱਢਣ ਲਈ

ਆਮ ਆਦਮੀ ਪਾਰਟੀ ਦੇ ਨੇਤਾਵਾਂ ਵੱਲੋਂ, ਗੈਰ-ਕਾਨੂੰਨੀ ਤਰੀਕੇ ਨਾਲ ਧਰਨਾ ਲਾਉਣ ਦੀ ਵੀਡੀਓਗ੍ਰਾਫੀ ਅਤੇ ਕਾਨੂੰਨੀ ਕਾਰਵਾਈ ਕਰਵਾਉਣ ਬਾਰੇ ਮੰਗ ਨੂੰ ਲੈ ਕੇ, ਪੰਜਾਬ ਦੇ ਮੁਖ ਚੋਣ ਅਧਿਕਾਰੀ ਨੂੰ ਚਿਠੀ ਲਿਖੀ ਏ । ਇਸ ਵਿਚ ਕਿਹਾ ਗਿਆ ਏ ਕਿ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਕਰਕੇ ਆਮ ਆਦਮੀ ਪਾਰਟੀ ਦੇ ਨੇਤਾਵਾਂ ਵੱਲੋਂ, ਸਿਆਸੀ ਰੰਜਿਸ਼ ਕੱਢਣ ਲਈ ਅਤੇ ਬੇਵਜ੍ਹਾ ਮਾਹੌਲ ਖਰਾਬ ਕਰਨ ਦੀ ਨੀਅਤ ਨਾਲ ਇਨ੍ਹਾਂ  ਦੋਵਾਂ ਨੇਤਾਵਾਂ ਦੇ ਘਰ, ਦਫ਼ਤਰਾਂ ਅਤੇ ਸ਼ਹਿਰ ਦੇ ਕਈ ਚੌਕਾਂ ਵਿੱਚ ਗ਼ੈਰ ਕਾਨੂੰਨੀ ਤਰੀਕੇ ਨਾਲ ਧਰਨਾ ਪ੍ਰਦਰਸ਼ਨ ਕਰਨ ਦੀ ਯੋਜਨਾ ਏ ।

---------------------------------------------------------

ਐਨਫੋਰਸਮੈਂਟ ਡਾਇਰੈਕਟੋਰੇਟ ED ਵੱਲੋਂ ਪੰਜਾਬ ਸਮੇਤ ਚੰਡੀਗੜ੍ਹ ਵਿੱਚ ਅੱਜ ਛਾਪੇਮਾਰੀ ਕੀਤੀ ਜਾ ਰਹੀ ਏ । ਪ੍ਰਾਪਤ ਜਾਣਕਾਰੀ ਅਨੁਸਾਰ ਈ.ਡੀ. ਦੀਆਂ ਟੀਮਾਂ ਅੱਜ ਸਵੇਰੇ 7 ਵਜੇ ਦੇ ਕਰੀਬ ਪੰਜਾਬ ਤੇ ਚੰਡੀਗੜ੍ਹ ਪਹੁੰਚ ਗਈਆਂ ਅਤੇ ਟੀਮ ਵੱਲੋਂ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਏ । ਜਾਣਕਾਰੀ ਅਨੁਸਾਰ ਪੰਜਾਬ ਆਬਕਾਰੀ

ਵਿਭਾਗ ਦੇ ਕਮਿਸ਼ਨਰ ਵਰੁਣ ਰੂਜ਼ਮ ਦੇ ਚੰਡੀਗੜ੍ਹ ਦੇ ਸੈਕਟਰ 20 ਸਥਿਤ ਘਰ ਵੀ ਏ.ਡੀ. ਦੀ ਛਾਪੇਮਾਰੀ ਚੱਲ ਰਹੀ ਏ। ਮੁਹਾਲੀ ਦੇ ਬਾਕਰਪੁਰ ਵਿੱਚ ਹੋਏ 137 ਕਰੋੜ ਰੁਪਏ ਦੇ ਅਮਰੂਦ ਮੁਆਵਜਾ ਘੁਟਾਲੇ ਵਿੱਚ ਵਰੁਣ ਰੂਜ਼ਮ ਅਤੇ ਉਨਾਂ ਦੀ ਪਤਨੀ ਦੀ ਸ਼ਮੂਲੀਅਤ ਦੀ ਵੀ ਜਾਂਚ ਕੀਤੀ ਜਾ ਰਹੀ ਏ। ਇਸ ਤੋਂ ਇਲਾਵਾ, ਵਰੁਣ ਰੂਜ਼ਮ ਵੀ ਰਾਜ ਵਿੱਚ, ਆਮ ਆਦਮੀ ਪਾਰਟੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਵਿੱਚ ਦਿੱਲੀ ਆਬਕਾਰੀ ਨੀਤੀ ਨੂੰ ਲਾਗੂ ਕਰਨ ਲਈ ਈ.ਡੀ ਦੇ ਰਡਾਰ ਦੇ ਅਧੀਨ ਨੇ। ਈ ਡੀ ਦੀਆਂ ਟੀਮਾਂ ਨੇ ਫਿਰੋਜ਼ਪੁਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ, ਜਿਹੜੇ ਕਿ ਮੁਹਾਲੀ ਨਗਰ ਨਿਗਮ ਦੇ ਕਮਿਸ਼ਨਰ ਅਤੇ ਗ੍ਰੇਟਰ ਮੁਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਦੇ ਅਧਿਕਾਰੀ ਰਹੇ ਸਨ, ਦੀ ਰਿਹਾਇਸ਼ ਦੀ ਵੀ ਤਲਾਸ਼ੀ ਲਈ ਏ।

---------------------------------------------------------------

ਭਾਰਤ ਚੋਣ ਕਮਿਸ਼ਨ ਨੇ ਵਧਦੀ ਗਰਮੀ ਦੇ ਮੱਦੇਨਜ਼ਰ ਸਾਰੇ ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਇਕ ਸਲਾਹ

ਜਾਰੀ ਕੀਤੀ ਏ । ਇਹ ਸਲਾਹ  ਇਸ ਸਾਲ ਮਾਰਚ ਤੋਂ ਜੂਨ ਦੌਰਾਨ ਮੌਸਮ ਵਿਭਾਗ ਦੇ ਆਮ ਤਾਪਮਾਨ ਤੋਂ ਵੱਧ ਰਹਿਣ ਦੀ ਭਵਿੱਖਬਾਣੀ ਤੋਂ ਬਾਅਦ ਜਾਰੀ ਕੀਤੀ ਗਈ ਏ । ਕਮਿਸ਼ਨ ਨੇ ਗਰਮੀ ਦੇ ਪ੍ਰਭਾਵ ਨੂੰ ਘੱਟ ਕਰਨ ਸਬੰਧੀ ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਦੀਆਂ ਹਦਾਇਤਾਂ ਸਾਂਝੀਆਂ ਕੀਤੀਆਂ ਨੇ । ਵੇਰਵੇ ਨਾਲ ਇਹ ਰਿਪੋਰਟ:

*ਡਿਸਪੈਚ: ਭਾਰਤ ਚੋਣ ਕਮਿਸ਼ਨ ਨੇ ਹਦਾਇਤ ਕੀਤੀ ਏ ਕਿ ਪੋਲਿੰਗ ਪਾਰਟੀਆਂ ਅਤੇ ਵੋਟਰਾਂ ਨੂੰ ਲੋੜ ਪੈਣ 'ਤੇ ਓ ਆਰ ਐਸ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਇਹ ਲੋਕ ਗਰਮੀ ਦੇ ਮੌਸਮ ਦੌਰਾਨ ਗਰਮੀ ਦੀ ਲਹਿਰ ਤੋਂ ਆਪਣਾ ਬਚਾਅ ਕਰ ਸਕਣ । ਇਸ ਤੋਂ ਇਲਾਵਾ ਪੋਲਿੰਗ ਸਟੇਸ਼ਨਾਂ 'ਤੇ ਪੀਣ ਵਾਲੇ ਪਾਣੀ ਲਈ ਟੂਟੀ ਦਾ ਪੱਕਾ ਪ੍ਰਬੰਧ ਹੋਣਾ ਚਾਹੀਦਾ ਏ । ਚੋਣ ਕਮਿਸ਼ਨ ਨੇ ਪੀਣ ਵਾਲੇ ਪਾਣੀ ਦੇ ਭਾਂਡੇ ਰੱਖਣ ਲਈ ਵੀ ਪੁਖਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਨੇ । ਇਸ ਤੋਂ ਇਲਾਵਾ ਪੋਲਿੰਗ ਸਟੇਸ਼ਨਾਂ ਦੇ ਅੰਦਰ ਕੁਰਸੀਆਂ ਤੇ ਬੈਂਚਾਂ ਦਾ ਢੁਕਵਾਂ ਪ੍ਰਬੰਧ ਕੀਤਾ ਜਾਣਾ ਚਾਹੀਦਾ ਏ । ਲੋਕਾਂ ਨੂੰ ਕੜਕਦੀ ਧੁੱਪ ਤੋਂ ਬਚਾਉਣ ਲਈ ਟੈਂਟਾਂ ਦਾ ਵੀ ਪ੍ਰਬੰਧ ਕਰਨ ਲਈ ਕਿਹਾ ਗਿਆ ਏ ।*

***ਚੋਣ ਕਮਿਸ਼ਨ ਨੇ ਇਹ ਵੀ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਏ ਕਿ ਵੋਟਰਾਂ ਨੂੰ ਐਮਰਜੈਂਸੀ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਲਈ ਢੁਕਵੀਂ ਗਿਣਤੀ ਵਿੱਚ ਮੈਡੀਕਲ ਕਿੱਟਾਂ ਦਾ ਪ੍ਰਬੰਧ ਕੀਤਾ ਜਾਵੇ ਅਤੇ ਸਿਹਤ ਮੁਲਾਜ਼ਮ ਪੋਲਿੰਗ ਸਟੇਸ਼ਨਾਂ 'ਤੇ ਤਾਇਨਾਤ ਕੀਤੇ ਜਾਣ । ਬਿਊਰੋ ਰਿਪੋਰਟ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------------

ਪੱਤਰ ਸੂਚਨਾ ਦਫਤਰ ਨੇ ਇੱਕ ਮਾਈਕ੍ਰੋ-ਸਾਈਟ pib.gov.in/elect2024/index.aspx ਸ਼ੁਰੂ ਕੀਤੀ ਏ, ਜਿਸ ਵਿੱਚ ਆਮ ਚੋਣਾਂ 2024 ਲਈ ਰਿਪੋਰਟਿੰਗ ਕਰਨ ਵਾਲੇ ਮੀਡੀਆ ਕਾਮੀਆਂ ਲਈ ਵਨ ਸਟਾਪ ਸੁਵਿਧਾ ਪੋਰਟਲ ਵਜੋਂ ਕਈ ਵਿਸ਼ੇਸ਼ਤਾਵਾਂ ਨੇ । ਪੋਰਟਲ ਵਿੱਚ ਇੱਕ ਡਿਜੀਟਲ ਫਲਿੱਪ ਬੁੱਕ ਵਰਗੀਆਂ ਵਿਸ਼ੇਸ਼ਤਾਵਾਂ ਵਿੱਚ ਕਈ ਦਿਲਚਸਪ ਵਿਸ਼ਲੇਸ਼ਣ ਸ਼ਾਮਲ ਨੇ। ਡਾਟਾ ਭਰਪੂਰ ਵਿਸ਼ੇਸ਼ਤਾਵਾਂ ਵਾਲੀ ਇਸ ਜਾਣਕਾਰੀ ਦੀ ਵਰਤੋਂ ਮੀਡੀਆ ਕਰਮੀ ਆਪਣੇ ਲੇਖ ਲਿਖਣ ਲਈ ਕਰ ਸਕਦੇ ਨੇ । ਉਪਯੋਗੀ ਲਿੰਕ ਪ੍ਰਦਾਨ ਕੀਤੇ ਗਏ

ਨੇ ਜਿਨ੍ਹਾਂ ਰਾਹੀਂ ਚੋਣ ਕਮਿਸ਼ਨ ਦੀ ਵੈੱਬਸਾਈਟ ਦੇ ਸੰਬੰਧਿਤ ਹਿੱਸਿਆਂ 'ਤੇ ਪੱਤਰਕਾਰ ਨੈਵੀਗੇਟ ਕਰ ਸਕਦੇ ਨੇ। ਵੱਖ-ਵੱਖ ਇਨਫੋ-ਗ੍ਰਾਫਿਕਸ ਇੱਕ ਸੰਦਰਭ ਦੇ ਤੌਰ ਤੇ ਪ੍ਰਦਾਨ ਕੀਤੇ ਗਏ ਨੇ ਜਿਹੜਾ ਡੇਟਾ ਨੂੰ ਸਮਝਣ ਵਿੱਚ ਆਸਾਨ ਏ। ਆਮ ਚੋਣਾਂ 2024 ਦੇ ਵੱਖ-ਵੱਖ ਪੜਾਵਾਂ ਲਈ ਸਮਾਂ - ਸਾਰਣੀ ਤਿਆਰ ਗਣਨਾ ਵਜੋਂ ਪ੍ਰਦਾਨ ਕੀਤੀ ਗਈ ਏ। ਚੋਣਾਂ ਦੀਆਂ ਸੂਚਨਾਵਾਂ ਬਾਰੇ ਅੱਪਡੇਟ ਅਸਲ ਸਮੇਂ ਦੇ ਆਧਾਰ 'ਤੇ ਅੱਪਲੋਡ ਕੀਤੇ ਜਾਂਦੇ ਨੇ। ਰਾਸ਼ਟਰੀ ਅਤੇ ਰਾਜ ਪੱਧਰੀ ਚੋਣ ਕਮਿਸ਼ਨ ਦੇ ਅਧਿਕਾਰੀਆਂ ਨੂੰ ਆਸਾਨ ਪਹੁੰਚ ਕਰਨ ਲਈ ਜਾਣਕਾਰੀ ਦਿੱਤੀ ਗਈ ਏ।

-----------------------------------------------------

ਹਾੜ੍ਹੀ ਦੇ ਸੀਜ਼ਨ ਦੀ ਵਾਢੀ ਨੂੰ ਧਿਆਨ ਵਿੱਚ ਰੱਖਦਿਆਂ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅੱਜ ਸਬੰਧਤ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਵੀਡਿਓ ਕਾਨਫਰੰਸਿੰਗ ਰਾਹੀਂ ਸਾਰੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਇਕ ਮੀਟਿੰਗ ਕੀਤੀ। ਉਨਾਂ ਕਿਹਾ ਕਿ ਪਹਿਲੀ ਅਪਰੈਲ ਤੋਂ ਕਣਕ

ਦੀ ਖਰੀਦ ਸ਼ੁਰੂ ਹੋ ਰਹੀ ਏ ਅਤੇ ਇਸ ਨੂੰ ਸੁਚਾਰੂ ਤਰੀਕੇ ਨਾਲ ਕਰਨ ਲਈ ਸਭ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ। ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕਿਹਾ ਕਿ ਪੰਜਾਬ ਵਿੱਚ 35 ਲੱਖ 7 ਹਜ਼ਾਰ ਹੈਕਟੇਅਰ ਰਕਬੇ ਵਿੱਚ ਕਣਕ ਬੀਜੀ ਗਈ ਏ ਅਤੇ 161 ਲੱਖ 30 ਹਜ਼ਾਰ ਮੀਟਰਿਕ ਟਨ ਕਣਕ ਦੀ ਪੈਦਾਵਾਰ ਦੀ ਉਮੀਦ ਏ । ਖਰੀਦ ਲਈ 30 ਹਜ਼ਾਰ 776 ਕਰੋੜ 36 ਲੱਖ ਰੁਪਏ ਨਗਦ ਕਰਜ਼ਾ ਹੱਦ (ਸੀ.ਸੀ.ਐਲ.) ਦੀ ਜਰੂਰਤ ਏ। ਇਸ ਵਿੱਚੋਂ 27 ਹਜ਼ਾਰ 77 ਕਰੋੜ 91 ਲੱਖ ਰੁਪਏ ਅਪਰੈਲ ਮਹੀਨੇ ਲਈ ਮਿਲ ਗਿਆ ਏ ਅਤੇ ਮਈ ਮਹੀਨੇ ਲਈ ਬਾਕੀ ਬਚਦੀ ਰਕਮ ਲੈ ਲਈ ਜਾਵੇਗੀ । ਪੰਜਾਬ ਮੰਡੀ ਬੋਰਡ ਵੱਲੋਂ 1908 ਰੈਗੂਲਰ ਖਰੀਦ ਕੇਂਦਰ ਐਲਾਨੇ ਗਏ ਨੇ, ਜਿਨ੍ਹਾਂ ਦੀ ਖਰੀਦ ਏਜੰਸੀਆਂ ਦੀ ਤਜਵੀਜ਼ ਅਨੁਸਾਰ ਵੱਖ-ਵੱਖ ਏਜੰਸੀਆਂ ਨੂੰ ਅਲਾਟਮੈਂਟ ਕਰ ਦਿੱਤੀ ਜਾਵੇਗੀ।

---------------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਆਤਮਾ ਪ੍ਰੋਜੈਕਟ ਅਧੀਨ ਜੰਮੂ ਤੇ ਕਸ਼ਮੀਰ ਦੇ ਜ਼ਿਲ੍ਹਾ ਗੰਦਰਬਲ ਦੇ 43 ਕਿਸਾਨ ਅਤੇ ਦੋ

ਅਧਿਕਾਰੀ ਹੁਨਰ ਵਿਕਾਸ ਕੇਂਦਰ  ਵਿਖੇ ਦੋ ਦਿਨਾਂ ਦਾ ਸਿਖਲਾਈ ਅਤੇ ਗਿਆਨ ਭਰਪੂਰ  ਦੌਰਾ ਕਰਨ ਆਏ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਹੁਨਰ ਵਿਕਾਸ ਬਾਰੇ ਐਸੋਸੀਏਟ ਡਾਇਰੈਕਟਰ  ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਇਸ ਫੇਰੀ ਦੌਰਾਨ ਕਸ਼ਮੀਰ ਦੇ ਕਿਸਾਨਾਂ ਨੂੰ ਸਬਜ਼ੀਆਂ ਦੀ ਸਫ਼ਲ ਕਾਸ਼ਤ ਸੰਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਕੋਰਸ ਕੋਆਰਡੀਨੇਟਰ ਡਾ. ਪ੍ਰੇਰਨਾ ਕਪਿਲਾ ਨੇ ਦੱਸਿਆ ਕਿ ਕਸ਼ਮੀਰ ਦੇ ਕਿਸਾਨਾਂ ਨੇ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਵਿਸ਼ਾ ਮਾਹਿਰਾਂ ਕੋਲੋਂ ਵਿਸਥਾਰ-ਪੂਰਵਕ ਨਾਲ ਜਾਣਕਾਰੀ ਪ੍ਰਾਪਤ ਕੀਤੀ। ਕਸ਼ਮੀਰ ਦੇ ਕਿਸਾਨਾਂ ਨੇ ਯੂਨੀਵਰਸਿਟੀ ਦੇ ਸਬਜ਼ੀ ਵਿਗਿਆਨ ਖੋਜ ਫਾਰਮ, ਖੁੰਬ ਫਾਰਮ ਅਤੇ ਸਕੂਲ ਆਫ ਆਰਗੈਨਿਕ ਫਾਰਮਿੰਗ ਦੇ ਸੰਗਠਿਤ ਖੇਤੀ ਮਾਡਲ ਯੂਨਿਟ ਦਾ ਦੌਰਾ ਵੀ ਕੀਤਾ।

------------------------------------------------------------

ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ 'ਚ ਪਹੁੰਚੀਆਂ ਸੰਗਤਾਂ ਨੇ ਪੁਰਾਤਨ ਰਵਾਇਤ ਅਨੁਸਾਰ ਸ੍ਰੀ ਹਰਿਮੰਦਰ ਸਾਹਿਬ ਵਿਖੇ, ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਰੰਗ ਬਿਰੰਗੇ ਫੁੱਲਾਂ ਦੀ ਵਰਖਾ ਕਰਕੇ, ਹੋਲੇ ਮਹੱਲੇ ਦਾ ਪੁਰਬ

ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ। ਸ਼ਰਧਾਲੂਆਂ ਵਿਚ ਗੁਰੂ ਘਰ ਚ ਗੁਰੂ ਸਾਹਿਬ ਨਾਲ ਸਿੱਖ ਰਵਾਇਤ ਅਨੁਸਾਰ ਹੋਲਾ ਮਨਾਉਣ ਸਬੰਧੀ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਦਰਸ਼ਨੀ ਡਿਓਢੀ ਤੋਂ ਸ੍ਰੀ ਅਕਾਲ ਤਖਤ ਸਾਹਿਬ ਤਕ ਪਰਿਕਰਮਾ ਚ ਭੁੰਜੇ ਤਿਲ ਸੁੱਟਣ ਨੂੰ ਥਾਂ ਨਹੀਂ ਸੀ ਅਤੇ ਹਰ ਪਾਸੇ ਸੰਗਤਾਂ ਦਾ ਠਾਠਾਂ ਮਾਰਦਾ ਇੱਕਠ ਨਜ਼ਰ ਆ ਰਿਹਾ ਸੀ। ਜਦੋ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁਖਾਸਨ ਮੌਕੇ ਸੁਨਹਿਰੀ ਪਾਲਕੀ ਵਿਚ, ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਵਨ ਸਰੂਪ, ਸ੍ਰੀ ਅਕਾਲ ਤਖਤ ਸਾਹਿਬ ਵਿਖੇ ਕੋਠਾ ਸਾਹਿਬ ਵੱਲ ਨਰ-ਸਿੰਘੀਆਂ ਦੀ ਵਿਸਮਾਦੀ ਗੂੰਜ ਚ ਲੈ ਕੇ ਆ ਰਹੇ ਸਨ ਤਾਂ ਸਾਰੇ ਰਸਤੇ ਪਹਿਲਾਂ ਤੋਂ ਹੀ ਇੰਤਜਾਰ ਕਰ ਰਹੀਆਂ ਸੰਗਤਾਂ ਨੇ ਗੁਲਾਬ ਅਤੇ ਹੋਰ ਰੰਗ ਬਿਰੰਗੇ ਫੁੱਲਾਂ ਦੀ ਪੱਤੀਆਂ ਦੀ ਵਰਖਾ ਤੇ ਤਰਾਂ ਤਰਾਂ ਦੇ ਇਤਰ ਦੀ ਸਪਰੇ ਕਰਕੇ ਵਾਤਾਵਰਨ ਨੂੰ ਹੋਰ ਸੁਗੰਧਿਤ ਅਤੇ ਰੂਹਾਨੀ ਬਣਾ ਦਿੱਤਾ।

---------------------------------------------------

ਮੌਸਮ ਵਿਭਾਗ ਨੇ 28 ਤੋਂ 30 ਮਾਰਚ ਤਕ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤੇਜ਼ ਹਵਾਵਾਂ ਵਗਣ ਦੇ ਨਾਲ-ਨਾਲ ਹਲਕੀ ਬਾਰਿਸ਼ ਦੀ ਚੇਤਾਵਨੀ

ਜਾਰੀ ਕੀਤੀ ਏ। ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਵਧਦੇ ਤਾਪਮਾਨ ਨਾਲ ਸਾਰੇ ਜ਼ਿਲਿਆਂ 'ਵਿਚ ਵਧਦੀ ਗਰਮੀ ਤੋਂ ਇਸ ਮੌਸਮ ਨਾਲ ਲੋਕਾਂ ਨੂੰ ਕੁਝ ਰਾਹਤ ਮਿਲਣ ਦੀ ਆਸ ਏ। ਮੌਸਮ ਵਿਭਾਗ ਨੇ 10 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਫਤਿਹਗੜ੍ਹ ਸਾਹਿਬ, ਰੂਪਨਗਰ ਅਤੇ ਮੋਹਾਲੀ ਲਈ ਚੇਤਾਵਨੀ ਜਾਰੀ ਕੀਤੀ ਏ। ਇਸ ਦੌਰਾਨ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵਗ ਸਕਦੀਆਂ ਨੇ ਅਤੇ ਹਲਕੀ ਬਾਰਿਸ਼ ਹੋਣ ਦੀ ਵੀ ਸੰਭਾਵਨਾ ਏ । ਇਸੇ ਤਰ੍ਹਾਂ 30 ਮਾਰਚ ਨੂੰ 19 ਜ਼ਿਲ੍ਹਿਆਂ ਵਿੱਚ ਮੌਸਮ ਦਾ ਇਹ ਬਦਲਾਅ ਦੇਖਣ ਨੂੰ ਮਿਲੇਗਾ।

---

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਲੋਕ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ’ਚ ਆਮ ਆਦਮੀ ਪਾਰਟੀ ਨੂੰ ਲੱਗਿਆ ਵੱਡਾ ਝਟਕਾ, ਪਾਰਟੀ ਦੇ ਜਲੰਧਰ ਤੋਂ ਸਾਂਸਦ ਸੁਸ਼ੀਲ ਕੁਮਾਰ ਰਿੰਕੂ ਤੇ ਵਿਧਾਇਕ ਸ਼ੀਤਲ ਅੰਗੁਰਾਲ BJP ਵਿੱਚ ਸ਼ਾਮਲ।

- ਅਨਫੋਰਸਮੈਂਟ ਡੈਰਕਟੋਰੇਟ ਨੇ ਪੰਜਾਬ ਆਬਕਾਰੀ ਵਿਭਾਗ ਦੇ ਕਮਿਸ਼ਨਰ ਵਰੁਣ ਰੂਜਮ ਸਮੇਤ ਪੰਜਾਬ ਤੇ ਚੰਡੀਗੜ੍ਹ ਵਿੱਚ ਅੱਜ ਕਈ ਥਾਂਵਾਂ ਤੇ ਛਾਪੇਮਾਰੀ ਕੀਤੀ।
- ਪੱਤਰ ਸੂਚਨਾ ਦਫਤਰ ਵਲੋਂ ਪੱਤਰਕਾਰਾਂ ਦੀ ਸਹੂਲਤ ਲਈ ਚੋਣਾਂ ਸੰਬੰਧੀ ਇੱਕ ਮਾਈਕ੍ਰੋ-ਸਾਈਟ ਸ਼ੁਰੂ ।
- ਮੁੱਖ ਸਕੱਤਰ ਅਨੁਰਾਗ ਵਰਮਾ ਨੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸਬੰਧਤ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਤੇ ਸਾਰੇ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਵੀਡਿਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ।